# ਪ੍ਰੈਸ ਨੋਟ

ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਲੋਕਾਂ ਵਿੱਚ ਸੁਰੱਖਿਆਂ ਅਤੇ ਸਦਭਾਵਨਾਂ ਬਣਾਈ ਰੱਖਣ ਲਈ ਕੱਢਿਆ ਫਲੈਗ ਮਾਰਚ

ਸ੍ਰੀ ਮੁਕਤਸਰ ਸਾਹਿਬ (     ) ਮਾਨਯੋਗ  ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ, ਸ. ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਜੀ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇ ਨਜਰ ਜਿਲ੍ਹਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਜਿਸ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਅਤੇ ਪੀ.ਸੀ.ਆਰ ਮੋਟਰਸਾਈਕਲਾਂ ਵੱਲੋ ਰਾਤ ਦਿਨ ਗਸ਼ਤਾਂ ਕੀਤੀਆਂ ਜਾ ਰਹੀਆਂ ਹਨ ਅਤੇ ਜਿਲ੍ਹਾ ਅੰਦਰ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਇਸ ਨੂੰ ਮੁੱਖ ਰੱਖਦਿਆਂ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਲੋਕਾਂ ਅੰਦਰ ਸੁਰੱਖਿਆ ਅਤੇ ਸਦਭਾਵਨਾ ਬਣਾਈ ਰੱਖਣ ਲਈ ਸ੍ਰੀ ਮੁਕਤਸਰ ਸਾਹਿਬ ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਹ ਫਲੈਗ ਕੋਟਕਪੂਰਾ ਚੌਂਕ ਤੋਂ ਮਸੀਤ ਚੌਂਕ, ਘਾਹ ਮੰਡੀ ਚੌਂਕ, ਸ਼ੇਰ ਸਿੰਘ ਚੌਂਕ , ਅਬੋਹਰ ਰੋਡ ਬਾਈਪਾਸ, ਬੱਸ ਸਟੈਂਡ ਤੋਂ ਮੰਗੇ ਦੇ ਪੰਪ ਤੋਂ ਹੁੰਦੇ ਹੋਏ ਵਾਪਸ ਕੋਟਕਪੂਰਾ ਚੌਂਕ ਵਿਖੇ ਸਮਾਪਤ ਹੋਇਆ।  ਇਹ ਫਲੈਗ ਮਾਰਚ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਜੀ ਦੀ ਅਗਵਾਈ ਹੇਠ ਕੱਢਿਆ ਗਿਆ। ਇਸ ਮੌਕੇ ਸ.ਸਤਨਾਮ ਸਿੰਘ ਡੀ.ਐਸ.ਪੀ ਸ.ਡ (ਸ੍ਰੀ ਮੁਕਤਸਰ ਸਾਹਿਬ), ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ ਦੇ ਸਮੂਹ ਮੁੱਖ ਅਫਸਰਾਨ ਥਾਣਾ ਅਤੇ ਪੁਲਿਸ ਕ੍ਰਮਚਾਰੀਆ/ਅਧਿਕਾਰੀਆਂ ਤੋਂ ਇਲਾਵਾ ਬੀ.ਐਸ.ਐਫ ਦੇ ਜਵਾਨ ਮੌਜੂਦ ਸੀ।

ਇਸ ਮੌਕੇ ਸ.ਸਤਨਾਮ ਸਿੰਘ ਡੀ.ਐਸ.ਪੀ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦੇ ਕਿਹਾ ਕਿ ਲੋਕ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਫਲੈਗ ਮਾਰਚ ਕੱਢ ਕੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ ਸਭਾ ਚੋਣਾਂ ਦੇ ਸਬੰਧ ਵਿੱਚ ਬਿਨਾਂ ਕਿਸੇ ਡਰ ਭੈ ਤੋਂ ਆਪਣੀ ਵੋਟ ਦਾ ਇਸਤੇਮਾਲ ਕਰਨ ਉਨ੍ਹਾਂ ਕਿਹਾ ਜਿਲ੍ਹਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਇਹ ਫਲੈਗ ਮਾਰਚ ਅਤੇ ਸਰਚ ਆਪਰੇਸ਼ਨ ਇਸੇ ਤਰ੍ਹਾਂ ਜਾਰੀ ਰਹਿਣਗੇ। ਜਿਲਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਕਿਸੇ ਵੀ ਤਰ੍ਹਾਂ ਸ਼ਰਾਰਤੀ ਅਨਸਰਾਂ ਨੂੰ  ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਜਾਣਕਾਰੀ ਸਾਂਝੀ ਕਰਨਾ ਚਾਹੁੰਦੇ ਹੋ ਤਾਂ ਸਾਡੇ ਹੈਲਪਲਾਈਨ ਨੰਬਰ 80549-42100 ਤੇ ਵਟਸਐਪ  ਮੈਸੇਜ ਕਰਕੇ ਜਾਂ ਫੋਨ ਕਾਲ ਕਰਕੇ ਦੇ ਸਕਦੇ ਹੋ ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।